Poster

Top

# ਸੁਚੇਤ ਹੋ ਜਾਓ, ਵੇਖੋ ਕਿਤੇ ਤੁਹਾਡੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕ ਤੁਹਾਨੂੰ ਸਬਦ ਗੁਰੂ ਤੋਂ ਤੋੜ ਕੇ ਵਿਅਕਤੀ ਪੂਜਾ ਵੱਲ ਤੇ ਨਹੀਂ ਲਿਜਾ ਰਹੇ ਹਨ

ਅੱਜ ਤੋਂ ੨੦ ਸਾਲ ਪਹਿਲਾਂ, ਗੁਰਦੁਆਰਾ ਸਾਹਿਬ ਦੇ ਹਰੇਕ ਇਸ਼ਤਿਹਾਰ ਉਪਰ "ੴ ਸਤਿਗੁਰ ਪ੍ਰਸਾਦਿ", ਤੋਂ ਬਾਅਦ ਗੁਰੂ ਗਰੰਥ ਸਾਹਿਬ ਵਿਚ ਅੰਕਿਤ ਗੁਰਬਾਣੀ ਦਾ ਸਬਦ ਲਿਖਿਆ ਜਾਂਦਾ ਸੀ, ਤੇ ਫੇਰ ਬਾਕੀ ਦੇ ਪ੍ਰੋਗਰਾਮ ਦਾ ਵੇਰਵਾ ਦਿਤਾ ਜਾਂਦਾ ਸੀ

ਆਪਣੇ ਗੁਰਦੁਆਰਾ ਸਾਹਿਬ ਦੇ ਇਸ਼ਤਿਹਾਰ ਨੂੰ ਪੂਰੀ ਤਰ੍ਹਾਂ ਧਿਆਨ ਨਾਲ ਪੜ੍ਹੋ, ਜੇਕਰ ਸਭ ਤੋਂ ਉਪਰ ਗੁਰਬਾਣੀ ਦਾ ਸਬਦ ਨਹੀਂ ਹੈ, ਤਾਂ ਸਮਝ ਲਓ ਤੁਹਾਨੂੰ ਸਬਦ ਗੁਰੂ ਨਾਲੋਂ ਤੋੜਿਆ ਜਾ ਰਿਹਾ ਹੈ

ਗੋਂਡ ਮਹਲਾ ੫ ॥ ਗੁਰ ਕੀ ਮੂਰਤਿ ਮਨ ਮਹਿ ਧਿਆਨੁ ॥ ਗੁਰ ਕੈ ਸਬਦਿ ਮੰਤ੍ਰੁ ਮਨੁ ਮਾਨ ॥ ਗੁਰ ਕੇ ਚਰਨ ਰਿਦੈ ਲੈ ਧਾਰਉ ॥ ਗੁਰੁ ਪਾਰਬ੍ਰਹਮੁ ਸਦਾ ਨਮਸਕਾਰਉ ॥੧॥ ਮਤ ਕੋ ਭਰਮਿ ਭੁਲੈ ਸੰਸਾਰਿ ॥ ਗੁਰ ਬਿਨੁ ਕੋਇ ਨ ਉਤਰਸਿ ਪਾਰਿ ॥੧॥ ਰਹਾਉ ॥ (੮੬੪)

ਸੁਚੇਤ ਹੋ ਜਾਓ, ਕਿਤੇ ਉਸ ਸਬਦ ਦੀ ਥਾਂ, ਰਾਗੀਆਂ, ਗ੍ਰਥੀਆਂ ਤੇ ਪ੍ਰਬੰਧਕਾਂ ਦੀਆਂ ਤਸਵੀਰਾਂ ਤੇ ਨਹੀਂ ਛਪੀਆਂ ਹੋਈਆਂ ਹਨ, ਜੇਕਰ ਮਨੁੱਖਾਂ ਦੀਆਂ ਤਸਵੀਰਾਂ ਛਪੀਆਂ ਹੋਈਆਂ ਹਨ, ਤਾਂ ਸਮਝ ਲਓ ਤੁਹਾਨੂੰ ਸਬਦ ਗੁਰੂ ਤੋਂ ਤੋੜ ਕੇ ਡੇਰਿਆਂ, ਬਾਬਿਆਂ ਤੇ ਮਨੁੱਖਾਂ ਦੀ ਪੂਜਾ ਵੱਲ ਤੋਰਿਆ ਜਾ ਰਿਹਾ ਹੈ।

ਅਸਟਪਦੀ ॥ ਮਾਨੁਖ ਕੀ ਟੇਕ ਬ੍ਰਿਥੀ ਸਭ ਜਾਨੁ ॥ ਦੇਵਨ ਕਉ ਏਕੈ ਭਗਵਾਨੁ ॥ (੨੮੧)

ਇਸ਼ਤਿਹਾਰਾਂ ਵਿਚ ਸਿਰਫ ਗੁਰਬਾਣੀ ਦੇ ਸਬਦ ਲਿਖੇ ਜਾ ਸਕਦੇ ਸਨ, ਕਿਸੇ ਵੀ ਮਨੁੱਖ ਦੀ ਤਸਵੀਰ ਨਹੀਂ ਛਾਪੀ ਜਾਣੀ ਚਾਹੀਦੀ

ਗੁਰਮਤਿ ਦੀ ਖੋਜ ਸਬੰਧੀ ਹੋਰ ਵਿਸ਼ਿਆਂ ਤੇ ਜਾਣਕਾਰੀ ਹਾਸਲ ਕਰਨ ਲਈ ਕਿਰਪਾ ਕਰਕੇ ਇਸ ਲਿੰਕ ਤੇ ਕਲਿਕ ਕਰੋ ਜੀ

https://gurmat-research.com/

Top

# ਗੁਰੂ ਦੁਆਰੈ ਹੋਇ ਸੋਝੀ ਪਾਇਸੀ

ਉਹੀ ਹਿਰਦਾ ਪਵਿਤਰ ਹੈ, ਜੇਹੜਾ ਉਸ ਅਕਾਲ ਪੁਰਖੁ ਨੂੰ ਚੰਗਾ ਲੱਗਦਾ ਹੈ। ਜੇਕਰ ਮਨੁੱਖ ਦਾ ਹਿਰਦਾ ਅੰਦਰੋਂ ਵਿਕਾਰਾਂ ਨਾਲ ਬਹੁਤ ਗੰਦਾ ਹੋਇਆ ਪਿਆ ਹੈ, ਤਾਂ ਬਾਹਰੋਂ ਸਰੀਰ ਨੂੰ ਤੀਰਥਾਂ ਜਾਂ ਧਾਰਮਿਕ ਅਸਥਾਨਾਂ ਤੇ ਇਸ਼ਨਾਨ ਕਰਵਾਉਂਣ ਨਾਲ ਹਿਰਦਾ ਅੰਦਰੋਂ ਸੁੱਧ ਨਹੀਂ ਹੋ ਸਕਦਾ ਹੈ।

ਸੂਹੀ ਮਹਲਾ ੧ ॥ ਭਾਂਡਾ ਹਛਾ ਸੋਇ ਜੋ ਤਿਸੁ ਭਾਵਸੀ ॥ ਭਾਂਡਾ ਅਤਿ ਮਲੀਣੁ ਧੋਤਾ ਹਛਾ ਨ ਹੋਇਸੀ ॥ ਗੁਰੂ ਦੁਆਰੈ ਹੋਇ ਸੋਝੀ ਪਾਇਸੀ ॥ ਏਤੁ ਦੁਆਰੈ ਧੋਇ ਹਛਾ ਹੋਇਸੀ ॥ (੭੩੦)

ਜੇਕਰ ਗੁਰੂ ਦੇ ਦਰ ਤੇ, ਆਪਾ ਭਾਵ ਦੂਰ ਕਰ ਕੇ, ਸੋਝੀ ਤੇ ਜੀਵਨ ਜਾਚ ਲਈ ਅਰਦਾਸ ਕਰੀਏ, ਤਾਂ ਹੀ ਹਿਰਦੇ ਨੂੰ ਪਵਿਤਰ ਕਰਨ ਲਈ ਗੁਰਬਾਣੀ ਦਾ ਗਿਆਨ ਮਿਲ ਸਕਦਾ ਹੈ। ਵਿਕਾਰਾਂ ਦੀ ਮੈਲ ਧੋਣ ਨਾਲ, ਹਿਰਦਾ ਪਵਿਤਰ ਹੋ ਸਕਦਾ ਹੈ।

## Guru Granth Sahib has unlimited treasure of Enlightenment

**Whenever, we go to Gurdwara Sahib, We should ask ourselves as what enlightenment we have received. Better to note down the points for the clarity and future guidance.**

**However, if we are coming back empty handed, then fault either lies with us or there is something wrong with the programs being conducted.**

ਆਗਿਆ ਭਈ ਅਕਾਲ ਕੀ ਤਬੈ ਚਲਾਯੋ ਪੰਥ॥ ਸਬ ਸਿੱਖਨ ਕੋ ਹੁਕਮ ਹੈ ਗੁਰੂ ਮਾਨੀਓ ਗ੍ਰੰਥ॥
ਗੁਰੂ ਗ੍ਰੰਥ ਕੋ ਮਾਨੀਓ ਪ੍ਰਗਟ ਗੁਰਾਂ ਕੀ ਦੇਹ॥ ਜੋ ਪ੍ਰਭ ਕੋ ਮਿਲਬੋ ਚਹੇ ਖੋਜ ਸ਼ਬਦ ਮੈਂ ਲੇਹ॥

**Hence, either we have to change ourselves or the programs are being conducted needs to be modifed for every age group.**

ਗੁਰਮਤਿ ਦੀ ਖੋਜ ਸਬੰਧੀ ਹੋਰ ਵਿਸ਼ਿਆਂ ਤੇ ਜਾਣਕਾਰੀ ਹਾਸਲ ਕਰਨ ਲਈ ਕਿਰਪਾ ਕਰਕੇ ਇਸ ਲਿੰਕ ਤੇ ਕਲਿਕ ਕਰੋ ਜੀ

https://gurmat-research.com/

# ਗੁਰੂ ਘਰ ਵਿਚ ਸਕੂਲ ਦਾ ਮਹੌਲ ਤੇ ਲਾਇਬਰੇਰੀ ਦੀ ਲੋੜ

**ਸਿਖਿਆ ਤਾਂ ਹੀ ਮਿਲ ਸਕਦੀ ਹੈ, ਜੇਕਰ ਸਕੂਲ ਦੀ ਤਰ੍ਹਾਂ ਗੁਰਦੁਆਰਾ ਸਾਹਿਬ ਵਿਚ ਵੀ ਗੁਰਬਾਣੀ ਪੜ੍ਹਾਈ, ਲਿਖਾਈ, ਸਮਝਾਈ ਤੇ ਉਸ ਸਬੰਧੀ ਪ੍ਰੈਕਟੀਕਲ ਜਾਣਕਾਰੀ ਦਿਤੀ ਜਾਵੇ**

**ਸਤਸੰਗਤਿ ਸਤਿਗੁਰ ਚਟਸਾਲ ਹੈ ਜਿਤੁ ਹਰਿ ਗੁਣ ਸਿਖਾ ॥** (੧੩੧੬)

ਸਤਸੰਗਤਿ ਸਤਿਗੁਰੂ ਦੀ ਪਾਠਸ਼ਾਲਾ ਹੈ, ਜਿਥੇ ਅਕਾਲ ਪੁਰਖੁ ਦੇ ਗੁਣ ਸਿਖਾਏ ਜਾਂਦੇ ਹਨ। ਬੱਚੇ ਜਦੋਂ ਸਕੂਲ ਜਾਂਦੇ ਹਨ ਤਾਂ ਉਹ ਆਪਣੀਆਂ ਕਾਪੀਆਂ, ਕਿਤਾਬਾਂ, ਪੈਨ, ਪੈਨਸਲ ਨਾਲ ਲੈ ਕੇ ਜਾਂਦੇ ਹਨ। ਅਧਿਆਪਕ ਜੋ ਵੀ ਪੜਾਉਂਦਾ ਹੈ, ਬੱਚੇ ਉਸ ਨੂੰ ਨਾਲ ਨਾਲ ਨੋਟ ਕਰਦੇ ਹਨ, ਘਰ ਜਾਂ ਕੇ ਉਸ ਨੂੰ ਦੁਬਾਰਾ ਪੜ੍ਹਕੇ ਯਾਦ ਕਰਦੇ ਹਨ।

ਅਸੀਂ ਵੀ ਸਤਿਗੁਰੂ ਦੀ ਪਾਠਸ਼ਾਲਾ ਭਾਵ ਗੁਰਦੁਆਰਾ ਸਾਹਿਬ ਜਾਂਦੇ ਹਾਂ। ਕੀ ਅਸੀਂ ਕਦੇ ਆਪਣੇ ਨਾਲ ਕਾਪੀ, ਪੈਨ, ਪੈਨਸਲ ਲੈ ਕੇ ਗਏ ਹਾਂ, ਤਾਂ ਜੋ ਗੁਰਬਾਣੀ ਰਾਹੀ ਦੱਸੀ ਗਈ ਮਤ ਨੋਟ ਕਰ ਸਕੀਏ? ਗੁਰਦੁਆਰਾ ਸਾਹਿਬ ਵਿਚ ਜੋ ਸ਼ਬਦ ਗਾਇਨ ਕੀਤਾ ਗਿਆ, ਗੁਰਮਤਿ ਵਿਚਾਰ ਦੱਸੀ ਗਈ, ਗੁਰ ਇਤਿਹਾਸ ਸਬੰਧੀ ਜਾਣਕਾਰੀ ਦਿਤੀ ਗਈ, ਕੀ ਅਸੀਂ ਕਦੇ ਘਰ ਆ ਕੇ ਉਸ ਨੂੰ ਦੁਬਾਰਾ ਪੜ੍ਹਕੇ ਯਾਦ ਕਰਦੇ ਹਨ?

ਜਿਹੜੇ ਬੱਚੇ ਸਬਕ ਯਾਦ ਨਹੀਂ ਕਰਦੇ ਹਨ, ਅਧਿਆਪਕ ਉਨ੍ਹਾਂ ਨੂੰ ਸਜਾ ਦੇਂਦਾ ਹੈ, ਉਹ ਫੇਲ ਹੋ ਜਾਂਦੇ ਹਨ। ਜੇ ਕਰ ਗੁਰਬਾਣੀ ਨੂੰ ਘਰ ਆ ਕੇ ਉਸ ਨੂੰ ਦੁਬਾਰਾ ਪੜ੍ਹਦੇ ਨਹੀਂ, ਸਮਝਦੇ ਨਹੀਂ ਤੇ ਵੀਚਾਰਦੇ ਨਹੀਂ, ਤਾਂ ਅਸੀਂ ਗੁਰੂ ਸਾਹਿਬ ਕੋਲ ਕਿਵੇਂ ਪਰਵਾਨ ਹੋ ਸਕਦੇ ਹਾਂ।

**ਸਤਸੰਗਤਿ ਕੈਸੀ ਜਾਣੀਐ ॥ ਜਿਥੈ ਏਕੋ ਨਾਮੁ ਵਖਾਣੀਐ ॥ ਏਕੋ ਨਾਮੁ ਹੁਕਮੁ ਹੈ ਨਾਨਕ ਸਤਿਗੁਰਿ ਦੀਆ ਬੁਝਾਇ ਜੀਉ** ॥੫॥ (੭੨)

ਕਿਹੋ ਜਿਹੇ ਇਕੱਠ ਨੂੰ ਸਤਿਸੰਗਤਿ ਸਮਝਣਾ ਚਾਹੀਦਾ ਹੈ? ਗੁਰਬਾਣੀ ਵਿਚ ਸਪੱਸ਼ਟ ਕਰਕੇ ਸਮਝਾ ਦਿਤਾ ਗਿਆ ਹੈ। ਸਤਿਸੰਗਤਿ ਉਹ ਹੈ, ਜਿਥੇ ਸਿਰਫ ਅਕਾਲ ਪੁਰਖੁ ਦਾ ਨਾਮੁ ਸਲਾਹਿਆ ਜਾਂਦਾ ਹੈ। ਸਤਿ ਸੰਗਤਿ ਵਿਚ ਸਿਰਫ ਅਕਾਲ ਪੁਰਖੁ ਦਾ ਨਾਮੁ ਜਪਣਾ ਹੀ ਉਸ ਦਾ ਹੁਕਮ ਹੈ। ਨਾਮੁ ਤੇ ਹੁਕਮੁ ਦੀ ਸੋਝੀ ਸਿਰਫ ਸਤਿਗੁਰੂ ਹੀ ਦੇ ਸਕਦਾ ਹੈ।

ਜੇ ਕਰ ਜੀਵਨ ਦੀ ਸਚਾਈ ਜਾਨਣਾਂ ਚਾਹੁੰਦੇ ਹਾਂ, ਤਾਂ ਗੁਰਬਾਣੀ ਨੂੰ ਪੜ੍ਹਨਾਂ, ਸੁਣਨਾਂ, ਸਮਝਣਾ, ਤੇ ਆਪਣੇ ਨਿਜੀ ਜੀਵਨ ਵਿਚ ਅਪਨਾਉਂਣਾ ਪਵੇਗਾ। ਆਪਣੇ ਹਿਰਦੇ ਅੰਦਰ ਵਸਦੇ ਅਕਾਲ ਪੁਰਖੁ ਬਾਰੇ ਖੋਜਣਾਂ ਪਵੇਗਾ। ਗੁਰੂ ਦਾ ਸਿੱਖ ਹਰ ਰੋਜ਼ ਅਰਦਾਸ ਦੇ ਅੰਤ ਵਿਚ ਗੁਰੂ ਗੋਬਿੰਦ ਸਿੰਘ ਜੀ ਦੇ ਆਖਰੀ ਹੁਕਮੁ ਨੂੰ ਦੁਹਰਾਉਂਦਾ ਹੈ। ਜਿਸ ਵਿਚ ਅਕਾਲ ਪੁਰਖੁ ਨੂੰ ਸ਼ਬਦ ਗੁਰੂ, ਗੁਰੂ ਗਰੰਥ ਸਾਹਿਬ ਵਿਚੋਂ ਖੋਜਣ ਲਈ ਹਦਾਇਤ ਕੀਤੀ ਗਈ ਹੈ।

ਗੁਰਮਤਿ ਦੀ ਖੋਜ ਸਬੰਧੀ ਹੋਰ ਵਿਸ਼ਿਆਂ ਤੇ ਜਾਣਕਾਰੀ ਹਾਸਲ ਕਰਨ ਲਈ ਕਿਰਪਾ ਕਰਕੇ ਇਸ ਲਿੰਕ ਤੇ ਕਲਿਕ ਕਰੋ ਜੀ

**https://gurmat-research.com/**